ਨੰ : ਸੀ. ਸਹਾਇਕ (ਅਮਲਾ)/ਆਰ. ਟੀ. ਆਈ. ਅਪੀਲ/ਸੰ:ਰ:ਜ:/545 ਮਿਤੀ : 13/06/19
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

RTI

20 JUN 2019
ਨੰਬਰ 3070

576
21/6/19

ਵਿਸ਼ਾ :- ਆਰ. ਟੀ. ਆਈ. ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

**ਯਾਦ ਪੱਤਰ :**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਕੁਲਦੀਪ ਸਿੰਘ ਪੁੱਤਰ ਸ੍ਰੀ ਹਰਬੰਸ ਸਿੰਘ, ਪਿੰਡ ਹਰਦੋਵਾਲ ਖੁਰਦ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 27.05.2019 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ. ਟੀ. ਆਈ. ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ. ਵਿ ਪੱ ਨੰ: 51/8/2014/2 ਆਰ. ਟੀ. ਆਈ. ਐਨ. ਸੀ. / 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ. ਟੀ. ਆਈ. / 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਕੁਲਦੀਪ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 27.05.2019 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈੱਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ ਜਲੰਧਰ ਮੰਡਲ, ਜਲੰਧਰ।

2

ਨੰ : ਸੀ.ਸਹਾਇਕ (ਅਮਲਾ)/ ਸੰ:ਰ:ਜ:/ 3717 ਮਿਤੀ : 13/06/19

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

ਸ੍ਰੀ ਕੁਲਦੀਪ ਸਿੰਘ ਪੁੱਤਰ ਸ੍ਰੀ ਹਰਬੰਸ ਸਿੰਘ,
ਪਿੰਡ ਹਰਦੋਵਾਲ ਖੁਰਦ, ਤਹਿ: ਡੇਰਾ ਬਾਬਾ ਨਾਨਕ,
ਜ਼ਿਲ੍ਹਾ ਗੁਰਦਾਸਪੁਰ।

ਵਿਸ਼ਾ :- ਰਾਈਟ ਟੂ ਇਨਫਰਮੇਸ਼ਨ ਐਕਟ-2005 ਦੇ ਸੈਕਸ਼ਨ 19 ਤਹਿਤ ਅਪੀਲ। (ਵਲੋਂ ਸ੍ਰੀ ਕੁਲਦੀਪ ਸਿੰਘ ਪੁੱਤਰ ਸ੍ਰੀ ਹਰਬੰਸ ਸਿੰਘ)।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਅਪੀਲਕਰਤਾ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ - 2005 ਤਹਿਤ ਦਰਖਾਸਤ ਮਿਤੀ : 31.01.2019 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਪਾਸੋਂ ਦੀ ਰੋਹਤਕ ਡਿਸਟ੍ਰਿਕ ਟਰਾਂਸਪੋਰਟ ਕੋਆਪ੍ਰੇਟਿਵ ਸੁਸਾਇਟੀ ਲਿਮ:, ਬਾਹਰਵਾਲ, ਹਾੱਲ ਗੇਟ, ਅੰਮ੍ਰਿਤਸਰ ਨਾਲ ਸਬੰਧਤ ਮੰਗੀ ਗਈ ਸੂਚਨਾ ਉਸਨੂੰ ਪ੍ਰਾਪਤ ਨਾ ਹੋਣ ਕਾਰਨ ਦਰਖਾਸਤ ਮਿਤੀ : 25.03.2019 ਰਾਹੀਂ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ। ਅਪੀਲ ਅਨੁਸਾਰ ਪ੍ਰਾਰਥੀ ਵਲੋਂ ਇੱਕ ਦਰਖਾਸਤ ਮਿਤੀ : 25.07.2017 ਉਪ-ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਦਫਤਰ ਵਿੱਚ ਪੇਸ਼ ਹੋ ਕੇ ਦਿੱਤੀ ਗਈ, ਜਿਸਦਾ ਡਾਇਰੀ ਨੰਬਰ 798, ਮਿਤੀ : 27.07.2017 ਸੀ। ਦਰਖਾਸਤ ਅਨੁਸਾਰ ਇੰਨਸਪੈਕਟਰ ਸ੍ਰੀ ਸੱਜਣ ਸਿੰਘ ਅਤੇ ਹੋਰ ਵਰਕਰਜ਼, ਦੀ ਰੋਹਤਕ ਡਿਸਟ੍ਰਿਕ ਟਰਾਂਸਪੋਰਟ ਕੋਆਪ੍ਰੇਟਿਵ ਸੁਸਾਇਟੀ ਲਿਮ:, ਬਾਹਰਵਾਲ, ਹਾੱਲ ਗੇਟ, ਅੰਮ੍ਰਿਤਸਰ ਵਲੋਂ ਪ੍ਰਾਰਥੀ ਖਿਲ਼ਾਫ ਝੂਠੇ ਬਿਆਨ ਦਰਜ ਕਰਨ ਸਬੰਧੀ ਕਾਰਵਾਈ ਕਰਨ ਲਈ ਲਿਖਿਆ ਗਿਆ ਸੀ। ਇਸ ਦਰਖਾਸਤ ਸਬੰਧੀ ਉਪ-ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਦੇ ਆਦੇਸ਼ ਤੇ ਉਹ 20.11.2017 ਨੂੰ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-1 ਦੇ ਸਨਮੁੱਖ ਪੇਸ਼ ਹੋਇਆ ਅਤੇ ਉਸਨੇ ਆਪਣੇ ਬਿਆਨ ਕਲਮਬੱਧ ਕਰਵਾਏ ਗਏ। ਪ੍ਰਾਰਥੀ ਵਲੋਂ ਇਸ ਮਾਮਲੇ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਆਰ.ਟੀ.ਆਈ. ਐਕਟ-2005 ਤਹਿਤ ਸੂਚਨਾ ਲੈਣ ਲਈ ਅਪਲਾਈ ਕੀਤਾ ਗਿਆ ਹੈ।

ਅਪੀਲ ਦੀ ਸੁਣਵਾਈ ਵਾਸਤੇ ਦੋਵਾਂ ਧਿਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਅਤੇ ਵੱਖ-ਵੱਖ ਮਿਤੀਆ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

ਮਿਤੀ : 23.04.2019 ਨੂੰ ਅਪੀਲ ਦੀ ਸੁਣਵਾਈ ਦੌਰਾਨ ਦੋਵੇਂ ਧਿਰਾਂ ਹਾਜਰ ਆਈਆਂ। ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਦਫਤਰ ਵਲੋਂ ਹਾਜਰ ਆਏ ਸ੍ਰੀ ਭੁਪਿੰਦਰ ਸਿੰਘ, ਸਟੈਨੋ ਟਾਈਪਿਸਟ ਵਲੋਂ ਉਪ-

......2......

ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਵਲੋਂ ਜਾਰੀ ਪੱਤਰ ਨੰ : ਸੁਪਰਡੈਂਟ/ ਡੀ.ਆਰ.ਅੰਮ੍ਰਿਤਸਰ/ 327, ਮਿਤੀ : 18.04.2019 ਰਾਹੀਂ ਲਿਖਤੀ ਤੌਰ ਤੇ ਰਿਪੋਰਟ ਕੀਤੀ ਗਈ ਕਿ ਪ੍ਰਾਰਥੀ ਵਲੋਂ ਪੜਤਾਲ ਰਿਪੋਰਟ ਦੀ ਕਾਪੀ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-1 ਦਫਤਰ ਪਾਸੋਂ ਮੰਗੀ ਗਈ ਸੀ ਅਤੇ ਉਨ੍ਹਾਂ ਵਲੋਂ ਪੜਤਾਲ ਰਿਪੋਰਟ ਦੀ ਕਾਪੀ ਪਹਿਲਾਂ ਵੀ ਅਪੀਲਕਰਤਾ ਨੂੰ ਮਿਤੀ : 09.07.2018 ਨੂੰ ਦਿੱਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-1 ਵਲੋਂ ਪ੍ਰਾਪਤ ਪੜਤਾਲ ਰਿਪੋਰਟ ਦੀ ਤਸਦੀਕਸ਼ੁਦਾ ਕਾਪੀ ਉਪ-ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਦੇ ਪੱਤਰ ਨੰ : 1602, ਮਿਤੀ : 15.04.2019 ਰਾਹੀਂ ਵੀ ਅਪੀਲਕਰਤਾ ਨੂੰ ਸਪਲਾਈ ਕੀਤੀ ਜਾ ਚੁੱਕੀ ਹੈ। ਅਪੀਲ ਦੀ ਸੁਣਵਾਈ ਦੌਰਾਨ ਅਪੀਲਕਰਤਾ ਵਲੋਂ ਉਪ-ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ/ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਵਲੋਂ ਸਪਲਾਈ ਕੀਤੀ ਗਈ ਪੜਤਾਲ ਰਿਪੋਰਟ ਨਾਲ ਅਸੰਤੁਸ਼ਟੀ ਪ੍ਰਗਟਾਈ ਗਈ ਅਤੇ ਉਸ ਵਲੋਂ ਕਿਹਾ ਗਿਆ ਕਿ ਉਸ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਹੀ ਨਹੀਂ ਕਰਵਾਈ ਗਈ ਹੈ। ਅਪੀਲਕਰਤਾ ਵਲੋਂ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-1 ਵਲੋਂ ਜਾਰੀ ਪੱਤਰ ਨੰ : ਸੀ.ਸਹਾਇਕ/ ਏ.ਆਰ.ਅੰਮ੍ਰਿਤਸਰ-1/ 1761, ਮਿਤੀ : 07.11.2017 ਦੀ ਕਾਪੀ ਪੇਸ਼ ਕਰਦੇ ਹੋਏ ਬੇਨਤੀ ਕੀਤੀ ਗਈ ਕਿ ਇਸ ਪੱਤਰ ਨੂੰ ਮੁੱਖ ਰੱਖਦੇ ਹੋਏ ਉਸ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਵਾਈ ਜਾਵੇ। ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ), ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਨੂੰ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-1 ਵਲੋਂ ਜਾਰੀ ਪੱਤਰ ਨੰ : ਸੀ.ਸਹਾਇਕ/ ਏ.ਆਰ.ਅੰਮ੍ਰਿਤਸਰ-1/ 1761, ਮਿਤੀ : 07.11.2017 ਨੂੰ ਮੁੱਖ ਰੱਖਦੇ ਹੋਏ ਅਪੀਲਕਰਤਾ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਾਉਣ ਲਈ ਲਿਖਿਆ ਗਿਆ।

ਅਪੀਲਕਰਤਾ ਵਲੋਂ ਕੀਤੀ ਬੇਨਤੀ ਨੂੰ ਮੁੱਖ ਰੱਖਦੇ ਹੋਏ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ, ਅੰਮ੍ਰਿਤਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਅੰਮ੍ਰਿਤਸਰ-1 ਵਲੋਂ ਜਾਰੀ ਪੱਤਰ ਨੰ : ਸੀ.ਸਹਾਇਕ/ ਏ.ਆਰ.ਅੰਮ੍ਰਿਤਸਰ-1/ 1761, ਮਿਤੀ : 07.11.2017 ਨੂੰ ਮੁੱਖ ਰੱਖਦੇ ਹੋਏ ਅਪੀਲਕਰਤਾ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਮੰਗੀ ਗਈ ਸੂਚਨਾ ਪ੍ਰਾਰਥੀ ਨੂੰ 15 ਦਿਨਾਂ ਅੰਦਰ ਮੁਹੱਈਆ ਕਰਵਾਉਣੀ ਯਕੀਨੀ ਬਣਾਈ ਜਾਵੇ। ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਸਨੂੰ ਮਿੱਥੇ ਸਮੇਂ ਅੰਦਰ ਪ੍ਰਾਪਤ ਨਾ ਹੋਣ ਤੇ ਸਬੰਧਤ ਅਧਿਕਾਰੀ/ ਕਰਮਚਾਰੀ ਦੀ ਨਿੱਜੀ ਜਿੰਮੇਵਾਰੀ ਹੋਵੇਗੀ।

ਮਿਤੀ : 27.05.2019.

(ਐਪੀਲਾਂਟ ਅਥਾਰਟੀ)
ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਅਸਲ ਕਾਪੀ ਤੋਂ ਤਸਦੀਕ ਕੀਤਾ 13/6/19
ਦਫਤਰ ... ਰਜਿਸਟਰਾਰ
ਸਹਿਕਾਰੀ ... ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ

ਸੰਯੁਕਤ ਰਜਿਸਟਰਾਰ (ਅਪੀਲੀਏਟ ਅਥਾਰਟੀ)

ਸਹਿਕਾਰੀ ਸਭਾਵਾਂ ਜਲੰਧਰ ਮੰਡਲ (ਜਲੰਧਰ)

ਵਿਸ਼ਾ:- ਸੂਚਨਾ ਦੇ ਅਧਿਕਾਰ ਅਧਿਨਿਯਮ-2005 ਦੇ ਤਹਿਤ ਪ੍ਰਾਰਥੀ ਵੱਲੋਂ ਮੰਗੀ ਗਈ ਜਾਣਕਾਰੀ ਨਾ ਦੇਣ ਦੇ ਵਿਰੁੱਧ ਫਸਟ ਅਪੀਲ।

ਸ਼੍ਰੀ ਮਾਨ ਜੀ, ਮੈਂ ਪ੍ਰਾਰਥੀ ਕੁਲਦੀਪ ਸਿੰਘ ਪੁੱਤਰ ਸ੍ਰੀ ਸ੍ਵ. ਰਘਬੀਰ ਸਿੰਘ ਵਾਸੀ [illegible] ਖੁਰਦ ਤਹਿ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਦਾ ਨਿਵਾਸੀ ਹਾਂ, ਪ੍ਰਾਰਥੀ ਵੱਲੋਂ ਨਾਲ ਨੱਥੀ ਰਜਿ. ਪੱਤਰ ਨੰਬਰ ਬੀ.ਪੀ. 455370848 ਆਈ.ਐਨ. ਮਿਤੀ 23/01/2019 ਐਮ.ਡੀ. ਮਾਰਕਫੈਡ ਸੈਕਟਰ 35 ਚੰਡੀ 160012, ਜਿਸਦੀ ਕਾਪੀ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ ਨੂੰ ਭੇਜਕੇ ਸੂਚਨਾ ਦੇ ਅਧਿਕਾਰ ਅਧਿਨਿਯਮ 2005 ਦੀ ਧਾਰਾ (7) ਦੇ ਅੰਤਰਗਤ ਮੰਗੀ ਗਈ ਜਾਣਕਾਰੀ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਮੁਹੱਈਆ ਕਰਵਾਈ ਜਾਣੀ ਸੀ, ਪ੍ਰੰਤੂ ਆਪ ਵੱਲੋਂ ਪ੍ਰਾਰਥੀ ਨੂੰ ਮੰਗੀ ਗਈ ਜਾਣਕਾਰੀ ਉਕਤ ਅਧਿਕਾਰੀ ਵੱਲੋਂ ਮੁਹੱਈਆ ਨਹੀਂ ਕਰਵਾਈ ਗਈ ਹੈ, ਅਤੇ ਨਾ ਹੀ ਕੋਈ ਕਾਰਨ ਦੱਸਿਆ ਗਿਆ ਅਤੇ ਨਾ ਹੀ ਆਪ ਵੱਲ ਕੋਈ ਚਿੱਠੀ ਪ੍ਰਾਪਤ ਹੋਇਆ ਹੈ, ਜੋ ਕਿ ਸੂਚਨਾ ਦੇ ਅਧਿਕਾਰ ਅਧਿਨਿਯਮ-2005 ਦੀ ਉਲੰਘਣਾ ਹੈ ਇਸ ਲਈ ਪ੍ਰਾਰਥੀ ਆਪ ਜੀ ਨੂੰ ਇਸ ਪੱਤਰ ਰਾਹੀਂ ਫਸਟ ਅਪੀਲ ਕਰਦਾ ਹੈ ਕਿ ਇਸ ਸਬੰਧ ਵਿਚ ਉਚਿਤ ਕਾਰਵਾਈ ਦਾ ਆਦੇਸ਼ ਦੇ ਕੇ ਪ੍ਰਾਰਥੀ ਨੂੰ ਮੰਗੀ ਗਈ ਜਾਣਕਾਰੀ ਮੁਹੱਈਆ ਕਰਵਾਉਣ ਦਾ ਆਦੇਸ਼ ਦਿੱਤਾ ਜਾਵੇ, ਅਤੇ ਸੂਚਨਾ ਦੇ ਅਧਿਕਾਰ ਅਧਿਨਿਯਮ 2005 ਦੇ ਮੰਗੀ ਗਈ ਜਾਣਕਾਰੀ ਮੁਹੱਈਆ ਨਾ ਕਰਵਾਉਣ ਦੀ ਉਲੰਘਣਾ ਦੇ ਵਿਰੁੱਧ ਜ਼ਿੰਮੇਵਾਰ ਪਾਏ ਗਏ ਉਕਤ ਅਧਿਕਾਰੀ ਦੇ ਖਿਲਾਫ ਕਾਰਵਾਈ ਦਾ ਆਦੇਸ਼ ਦਿੱਤਾ ਜਾਵੇ। ਪ੍ਰਾਰਥੀ ਵੱਲੋਂ ਮੰਗੀ ਗਈ ਜਾਣਕਾਰੀ ਸਬੰਧੀ ਐਪਲੀਕੇਸ਼ਨ ਆਦਿ ਅਤੇ ਰਜਿਸਟਰ ਡਾਕ ਰਸੀਦ ਦੀ ਕਾਪੀ ਨੱਥੀ ਹੈ।

ਧੰਨਵਾਦ ਸਹਿਤ

(ਦਸਤਖਤ)

ਮਿਤੀ 25.03.2019

ਕੁਲਦੀਪ ਸਿੰਘ ਪੁੱਤਰ ਸ੍ਰੀ ਸ੍ਵ. ਰਘਬੀਰ ਸਿੰਘ
ਪਿੰਡ - [illegible] ਖੁਰਦ ਤਹਿ ਡੇਰਾ ਬਾਬਾ ਨਾਨਕ
ਜ਼ਿਲ੍ਹਾ ਗੁਰਦਾਸਪੁਰ-143602 (ਪੰਜਾਬ)
ਮੋ.ਨੰ: 98151-17328

ਦਫ਼ਤਰ ਸੰਯੁਕਤ ਰਜਿਸਟਰਾਰ
ਸਹਿਕਾਰੀ ਸਭਾਵਾਂ ਜਲੰਧਰ ਮੰਡਲ
ਰਸੀਦੀ ਨੰਬਰ 919
27/03/19